# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :26-08-2026**

***<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ।</u>***

- ਘੱਟ ਗਿਣਤੀਆਂ ਬਾਰੇ ਰਾਸ਼ਟਰੀ ਕਮਿਸ਼ਨ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ ਨੇ ਕਿਹਾ -ਕਮਿਸ਼ਨ ਵਲੋਂ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਉਪਰਾਲੇ ਜਾਰੀ ਨੇ।

- ਪੰਜਾਬ ਸਰਕਾਰ ਵਲੋਂ ਬਠਿੰਡਾ ਵਿਖੇ ਕਰਵਾਈ 'ਐਨ.ਆਰ.ਆਈ. ਮਿਲਣੀ-2026' ਦੌਰਾਨ ਸੱਤ ਜ਼ਿਲ੍ਹਿਆਂ ਨਾਲ ਸਬੰਧਤ ਪ੍ਰਵਾਸੀ ਪੰਜਾਬੀਆਂ ਨੇ ਹਿੱਸਾ ਲਿਆ।

- ਕੈਬਿਨੇਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 92 ਡਰੋਨ ਸ਼ੋਅ ਕਰਵਾਏ ਜਾਣਗੇ।

- ਅੱਜ ਪੈਗੰਬਰ ਹਜ਼ਰਤ ਮੁਹੰਮਦ ਦਾ ਜਨਮ ਦਿਨ, ਈਦ-ਏ-ਮਿਲਾਦ-ਉਨ-ਨਬੀ, ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।

- ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਵਲੋਂ ਪੰਜਾਬ,ਹਰਿਆਣਾ ਅਤੇ ਚੰਡੀਗੜ੍ਹ ਵਿਚ ਕੱਲ੍ਹ 'ਖੇਲੋ ਇੰਡੀਆ ਸੰਵਾਦ - 'ਖੇਲ ਕੀ ਬਾਤ ਪੀ.ਐਮ ਕੇ ਸਾਥ' ਪ੍ਰੋਗਰਾਮ ਦਾ ਹੋਵੇਗਾ ਆਯੋਜਨ ।

***<u>ਹੁਣ ਖਬਰਾਂ ਵਿਸਥਾਰ ਨਾਲ।</u>***

ਘੱਟ ਗਿਣਤੀਆਂ ਬਾਰੇ ਰਾਸ਼ਟਰੀ ਕਮਿਸ਼ਨ ਦੇ ਚੇਅਰਮੈਨ, ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਕਮਿਸ਼ਨ ਕੋਲ ਲਗਭਗ 7 ਹਜ਼ਾਰ ਸ਼ਿਕਾਇਤਾਂ ਬਕਾਇਆ ਨੇ ਅਤੇ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਨਿਆਂ, ਸਮਾਨਤਾ ਅਤੇ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਉਨ੍ਹਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਦੇ ਯਤਨ ਜਾਰੀ ਨੇ । ਅੱਜ ਚੰਡੀਗੜ੍ਹ ਵਿੱਚ ਪੰਜਾਬ ਵਿੱਚ ਘੱਟ ਗਿਣਤੀ ਭਾਈਚਾਰਿਆਂ ਨਾਲ ਸਬੰਧਤ ਸੁਝਾਅ ਲੈਣ ਅਤੇ ਮੁੱਦਿਆਂ ਨੂੰ ਸਮਝਣ ਲਈ ਆਏ ਸ੍ਰੀ ਗਰੇਵਾਲ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ ਮੁਤਾਬਿਕ ਅਸਲ ਸ਼ਿਕਾਇਤਾਂ ਅਤੇ ਸੁਝਾਵਾਂ ਦੀ ਜਾਂਚ ਕੀਤੀ ਜਾਵੇਗੀ। ਅੱਜ ਇੱਕ ਪ੍ਰੈਸ

ਕਾਨਫਰੰਸ ਦੌਰਾਨ, ਸਿੱਖ ਕੈਦੀਆਂ ਅਤੇ ਉਨ੍ਹਾਂ ਦੀ ਪੈਰੋਲ 'ਤੇ ਇੱਕ ਚਿੰਤਾ ਨੂੰ ਸੰਬੋਧਨ ਕਰਦੇ ਹੋਏ, ਚੇਅਰਮੈਨ ਨੇ ਕਿਹਾ ਕਿ ਅਜਿਹੇ ਮਾਮਲੇ ਕਾਨੂੰਨ ਵਿਵਸਥਾ ਦੇ ਅਧਿਕਾਰ ਖੇਤਰ ਵਿੱਚ ਆਉਂਦੇ ਹਨ ਅਤੇ ਲਾਗੂ ਕਾਨੂੰਨੀ ਢਾਂਚੇ ਦੇ ਅਨੁਸਾਰ ਨਜਿੱਠੇ ਜਾਂਦੇ ਹਨ। ਉਨ੍ਹਾਂ ਧਾਰਮਿਕ ਸਥਾਨਾਂ ਦੀ ਯਾਤਰਾ ਕਰਨ ਵਾਲੇ ਸਿੱਖ ਸ਼ਰਧਾਲੂਆਂ ਦੀ ਸੁਰੱਖਿਆ, ਮਾਣ ਅਤੇ ਸੁਚਾਰੂ ਯਾਤਰਾ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਇੱਕ ਅਜਿਹਾ ਮਾਹੌਲ ਪ੍ਰਦਾਨ ਕਰਦਾ ਏ ਜਿੱਥੇ ਵੱਖ-ਵੱਖ ਧਰਮਾਂ ਦੇ ਲੋਕ ਆਜ਼ਾਦ ਤੌਰ 'ਤੇ ਆਪਣੇ ਧਰਮ ਦਾ ਸਨਮਾਨ ਅਤੇ ਸੁਰੱਖਿਆ ਨਾਲ ਅਭਿਆਸ ਕਰ ਸਕਦੇ ਨੇ ।  ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਸਮਾਜਿਕ ਨਿਆਂ ਵਿਭਾਗਾਂ ਦੇ ਨੁਮਾਇੰਦਿਆਂ ਨੇ ਵੀ ਕਾਨਫਰੰਸ ਵਿੱਚ ਹਿੱਸਾ ਲਿਆ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 1 ਲੱਖ 37 ਹਜ਼ਾਰ 'ਸਤਿਕਾਰ ਸਖੀਆਂ' ਨੂੰ 52 ਕਰੋੜ 20  ਲਖ ਰੁਪਏ ਦੀ ਸਨਮਾਨ ਰਾਸ਼ੀ ਤਬਦੀਲ ਕੀਤੀ ਏ । ਇਸ ਦੇ ਨਾਲ ਹੀ ਉਨ੍ਹਾਂ ਨੇ ਪੂਰੇ ਪੰਜਾਬ ਦੀਆਂ ਔਰਤਾਂ ਤੱਕ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਪਹੁੰਚਾਉਣ ਵਿੱਚ ਸਤਿਕਾਰ ਸਖੀਆਂ ਦੇ ਅਣਥੱਕ ਯੋਗਦਾਨ ਦੀ ਸ਼ਲਾਘਾ ਕੀਤੀ। ਮੁੱਖ ਮੰਤਰੀ ਨੇ ਕਿਹਾ ਕਿ ਸਤਿਕਾਰ ਸਖੀਆਂ ਦੀਆਂ ਕੋਸ਼ਿਸ਼ਾਂ ਸਦਕਾ ਹੀ ਇਸ ਯੋਜਨਾ ਤਹਿਤ 75 ਲੱਖ ਤੋਂ ਵੱਧ ਔਰਤਾਂ ਦੀ ਰਜਿਸਟ੍ਰੇਸ਼ਨ ਸੰਭਵ ਹੋ

ਸਕੀ ਏ ਅਤੇ ਯੋਗ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਸਨਮਾਨ ਰਾਸ਼ੀ ਪਹੁੰਚਣੀ ਯਕੀਨੀ ਹੋਈ ਏ । ਇਸ ਪਹਿਲਕਦਮੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਇਸ ਯੋਜਨਾ ਤਹਿਤ 76 ਲਖ 11 ਹਜ਼ਾਰ ਔਰਤਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਏ ।

---------------------------------------------------------------------------

ਓਧਰ ਪਠਾਨਕੋਟ ਚ ਰੱਖੜੀ ਦੇ ਪਵਿੱਤਰ ਤਿਉਹਾਰ ਦੇ ਮੌਕੇ 'ਤੇ, ਸ਼ਹਿਰ ਦੇ ਮੁੱਖ 'ਲਾਈਟ ਵਾਲੇ ਚੌਕ' 'ਤੇ ਭਰਾਵਾਂ ਅਤੇ ਭੈਣਾਂ ਦੇ ਅਟੁੱਟ ਬੰਧਨ ਅਤੇ ਸਮਾਜਿਕ ਸੁਰੱਖਿਆ ਦਾ ਇੱਕ ਵਿਲੱਖਣ ਅਤੇ ਭਾਵਨਾਤਮਕ ਪਲ ਵੇਖਣ ਨੂੰ ਮਿਲਿਆ। ਆਂਚਲ ਪਠਾਨਕੋਟ ਸੰਘ ਦੀ ਮੁਖੀ ਰਮਾ ਅਤੇ ਆਂਚਲ ਪਠਾਨਕੋਟ ਸੰਘ ਦੇ ਪ੍ਰਤੀਨਿਧੀ ਆਚਾਰੀਆ ਕੋਮਲ ਨੇ ਟ੍ਰੈਫਿਕ ਪੁਲਿਸ ਇੰਚਾਰਜ ਬ੍ਰਹਮਾ ਦੱਤ ਅਤੇ ਡਿਊਟੀ 'ਤੇ ਮੌਜੂਦ ਹੋਰ ਪੁਲਿਸ ਵਾਲਿਆਂ ਦੇ ਗੁੱਟਾਂ 'ਤੇ ਰੱਖੜੀਆਂ ਬੰਨ੍ਹੀਆਂ। ਪੁਲਿਸ ਵਾਲਿਆਂ ਨੇ ਆਪਣੀਆਂ ਭੈਣਾਂ ਨੂੰ ਸੁਰੱਖਿਆ ਦਾ ਇੱਕ ਵਿਲੱਖਣ ਤੋਹਫ਼ਾ ਵੀ ਭੇਟ ਕੀਤਾ। ਟ੍ਰੈਫਿਕ ਪੁਲਿਸ ਨੇ ਭੈਣਾਂ ਨੂੰ ਹੈਲਮੇਟ ਭੇਟ ਕੀਤੇ, ਦੋਪਹੀਆ ਵਾਹਨ ਚਲਾਉਂਦੇ ਸਮੇਂ ਸੁਰੱਖਿਆ ਦੀ ਮਹੱਤਤਾ ਨੂੰ ਉਜਾਗਰ ਕੀਤਾ। ਇਸ ਮੌਕੇ 'ਤੇ, ਟ੍ਰੈਫਿਕ ਇੰਚਾਰਜ ਬ੍ਰਹਮਾ ਦੱਤ ਨੇ ਕਿਹਾ ਕਿ ਸੜਕ ਸੁਰੱਖਿਆ ਬਹੁਤ ਮਹੱਤਵਪੂਰਨ ਹੈ, ਅਤੇ ਹੈਲਮੇਟ ਦੋਪਹੀਆ ਵਾਹਨ ਸਵਾਰਾਂ ਲਈ ਜੀਵਨ ਬਚਾਉਣ ਵਾਲੇ ਕਵਚ ਵਜੋਂ ਕੰਮ ਕਰਦੇ ਹਨ।

ਇਹ ਸੜਕ ਹਾਦਸੇ ਦੌਰਾਨ ਗੰਭੀਰ ਸੱਟਾਂ ਨੂੰ ਰੋਕਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

---------------------------------------------------------------------------

ਸਰਕਾਰ ਨੇ ਕੇਂਦਰ ਸਰਕਾਰ ਦੇ ਰੱਖੜੀ ਦੇ ਮੌਕੇ 'ਤੇ ਸਾਰੀਆਂ ਔਰਤਾਂ ਨੂੰ ਇੱਕ ਸਾਲ ਦਾ ਮੁਫ਼ਤ ਮੋਬਾਈਲ ਰੀਚਾਰਜ ਦੇਣ ਦੇ ਦਾਅਵੇ ਨੂੰ ਫਰਜ਼ੀ ਕਰਾਰ ਦਿੱਤਾ e । ਪ੍ਰੈਸ ਇਨਫਰਮੇਸ਼ਨ ਬਿਊਰੋ (PIB) ਦੀ ਤੱਥ-ਜਾਂਚ ਇਕਾਈ ਨੇ ਸੋਸ਼ਲ ਮੀਡੀਆ 'ਤੇ ਵਾਇਰਲ ਵੀਡੀਓ ਨੂੰ ਫਰਜ਼ੀ ਕਰਾਰ ਦਿੱਤਾ। ਪੀਆਈਬੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਅਜਿਹਾ ਕੋਈ ਐਲਾਨ ਨਹੀਂ ਕੀਤਾ e । ਸਰਕਾਰ ਨੇ ਲੋਕਾਂ ਨੂੰ ਅਪੀਲ ਕੀਤੀ e ਕਿ ਉਹ ਅਜਿਹੇ ਗੁੰਮਰਾਹਕੁੰਨ ਦਾਅਵਿਆਂ 'ਤੇ ਵਿਸ਼ਵਾਸ ਨਾ ਕਰਨ।

---------------------------------------------------------------------------

ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਏ ਕਿ ਪੰਜਾਬੀ ਪ੍ਰਵਾਸੀਆਂ ਨਾਲ ਸਬੰਧਤ ਹਰ ਮਸਲੇ ਦਾ ਹੱਲ ਪੂਰੀ ਪਾਰਦਰਸ਼ਤਾ, ਮੈਰਿਟ ਅਤੇ ਮਿੱਥੇ ਸਮੇਂ ਅੰਦਰ ਯਕੀਨੀ ਬਣਾਇਆ ਜਾਵੇਗਾ। ਅੱਜ ਬਠਿੰਡਾ ਵਿਖੇ ਕਰਵਾਈ ਗਈ ‘ਐਨ.ਆਰ.ਆਈ. ਮਿਲਣੀ-2026’ ਦੌਰਾਨ ਪ੍ਰਵਾਸੀ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਡਾ. ਰਵਜੋਤ ਸਿੰਘ ਨੇ ਕਿਹਾ ਕਿ ਇਸ ਵਿਸ਼ੇਸ਼ ਮਿਲਣੀ ਦਾ ਉਦੇਸ਼ ਐਨ.ਆਰ.ਆਈਜ਼ ਦੀਆਂ ਸਮੱਸਿਆਵਾਂ ਨੂੰ ਮੌਕੇ ’ਤੇ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨਾਲ ਤੁਰੰਤ ਕਾਰਵਾਈ ਯਕੀਨੀ ਬਣਾਉਣਾ ਹੈ। ਇਸ ਮਿਲਣੀ ਵਿੱਚ ਸ੍ਰੀ ਮੁਕਤਸਰ

ਸਾਹਿਬ, ਬਠਿੰਡਾ, ਮੋਗਾ, ਫਿਰੋਜਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਮਾਨਸਾ ਜ਼ਿਲ੍ਹਿਆਂ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਪ੍ਰਵਾਸੀ ਪੰਜਾਬੀਆਂ ਨੇ ਹਿੱਸਾ ਲਿਆ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਜਿਨ੍ਹਾਂ ਮਾਮਲਿਆਂ ਦਾ ਨਿਪਟਾਰਾ ਲੰਬੇ ਸਮੇਂ ਤੋਂ ਬਕਾਇਆ ਨੇ ਉਨ੍ਹਾਂ ਮਾਮਲਿਆਂ ਦੀ ਉਹ ਖੁਦ ਨਿਗਰਾਨੀ ਕਰ ਰਹੇ ਨੇ ਅਤੇ ਸਬੰਧਤ ਅਧਿਕਾਰੀਆਂ ਨਾਲ ਨਿਯਮਿਤ ਤੌਰ ’ਤੇ ਸਮੀਖਿਆ ਕਰਕੇ ਹੱਲ ਯਕੀਨੀ ਬਣਾ ਰਹੇ ਹਨ।

--------------------------------------------------------------------------------

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਸੂਬੇ ਭਰ ਵਿੱਚ 92 ਵਿਸ਼ੇਸ਼ ਡਰੋਨ ਸ਼ੋਅ ਕਰਵਾਏ ਜਾਣਗੇ। ਸੈਰ-ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਸ. ਤਰੁਨਪ੍ਰੀਤ ਸਿੰਘ ਸੌਂਦ ਨੇ ਮੋਹਾਲੀ ਦੇ ਜ਼ਿਲ੍ਹਾ ਵਿਖੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਰੂਪਨਗਰ ਅਤੇ ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰਾਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਆਉਣ ਵਾਲੇ ਡਰੋਨ ਸ਼ੋਅ ਅਤੇ ਹੋਰ ਸਮਾਗਮਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਤੌਰ ’ਤੇ ਤਿਆਰ ਕੀਤੇ ਗਏ ਡਰੋਨ ਸ਼ੋਅ ਸਤੰਬਰ ਮਹੀਨੇ ਤੋਂ ਸ਼ੁਰੂ ਕੀਤੇ ਜਾਣਗੇ। ਹਰੇਕ ਸ਼ੋਅ ਵਿੱਚ 500 ਤੋਂ ਵੱਧ ਡਰੋਨ ਅਸਮਾਨ ਵਿੱਚ ਇੱਕੋ ਸਮੇਂ ਆਪਣੀ ਪੇਸ਼ਕਾਰੀ ਕਰਨਗੇ।

ਸ. ਸੌਂਦ ਨੇ ਕਿਹਾ ਕਿ ਹਰੇਕ ਡਰੋਨ ਸ਼ੋਅ ਲਗਭਗ 25 ਤੋਂ 30 ਮਿੰਟ ਦਾ ਹੋਵੇਗਾ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਹਦਾਇਤ ਕੀਤੀ ਕਿ ਡਰੋਨ ਸ਼ੋਅ ਲਈ ਢੁਕਵੀਆਂ ਥਾਵਾਂ ਦੀ ਪਛਾਣ ਕੀਤੀ ਜਾਵੇ ਅਤੇ ਆਮ ਲੋਕਾਂ ਨੂੰ ਸ਼ੋਅ ਦੀ ਮਿਤੀ, ਸਮੇਂ ਅਤੇ ਸਥਾਨ ਬਾਰੇ ਪਹਿਲਾਂ ਹੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ, ਤਾਂ ਜੋ ਵੱਧ ਤੋਂ ਵੱਧ ਲੋਕ ਇਸ ਦਾ ਹਿੱਸਾ ਬਣ ਸਕਣ।

ਸ਼ੋਭਾ ਯਾਤਰਾਵਾਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਸ੍ਰੀ ਸੌਂਦ ਨੇ ਦੱਸਿਆ ਕਿ ਕਾਸ਼ੀ, ਜੰਮੂ, ਬਠਿੰਡਾ ਅਤੇ ਫ਼ਰੀਦਕੋਟ ਤੋਂ ਚਾਰ ਸ਼ੋਭਾ ਯਾਤਰਾਵਾਂ ਕੱਢੀਆਂ ਜਾਣਗੀਆਂ, ਜੋ ਸ੍ਰੀ ਗੁਰੂ ਰਵਿਦਾਸ ਜੀ ਨਾਲ ਸਬੰਧਤ ਪਵਿੱਤਰ ਅਸਥਾਨ ਖੁਰਾਲਗੜ੍ਹ ਸਾਹਿਬ ਵਿਖੇ ਪਹੁੰਚ ਕੇ ਸਮਾਪਤ ਹੋਣਗੀਆਂ।

---------------------------------------------------------------------------

ਅੱਜ ਪੈਗੰਬਰ ਹਜ਼ਰਤ ਮੁਹੰਮਦ ਦਾ ਜਨਮ ਦਿਨ, ਈਦ-ਏ-ਮਿਲਾਦ-ਉਨ-ਨਬੀ, ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਸਬੰਧ ਵਿੱਚ, ਪੈਗੰਬਰ ਮੁਹੰਮਦ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ "ਮਿਲਾਦ ਮਹਿਫਿਲਾਂ " ਅਤੇ "ਸੀਰਤ ਸੰਮੇਲਨ" ਆਯੋਜਿਤ ਕੀਤੇ ਜਾ ਰਹੇ ਨੇ ।   ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਈਦ-ਏ-ਮਿਲਾਦ-ਉਨ-ਨਬੀ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ ਏ।

---------------------------------------------------------------------------

ਪੰਜਾਬ ਰੋਡਵੇਜ਼, ਪਨਬਸ, ਪੀਆਰਟੀਸੀ ਦੇ ਕਾਮਿਆਂ ਨੇ ਭਲਕੇ ਵੀਰਵਾਰ ਨੂੰ ਬੱਸਾਂ ਚਲਾਉਣ ਦਾ ਫੈਸਲਾ ਕੀਤਾ ਏ। ਜਥੇਬੰਦੀਆਂ ਨੇ ਰੱਖੜੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਅਤੇ ਪੰਜਾਬ ਸਰਕਾਰ ਦੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਮੰਗਾਂ ਸਬੰਧੀ ਭਰੋਸਾ ਦੇਣ ਤੋਂ ਬਾਅਦ ਅਜਿਹਾ ਫੈਸਲਾ ਲਿਆ ਗਿਆ ਏ। ਜਥੇਬੰਦੀ ਦੇ ਪ੍ਰਧਾਨ ਰੇਸ਼ਮ ਸਿੰਘ ਦਾ ਕਹਿਣਾ ਏ ਕਿ ਹੁਣ ਆਮ ਦੀ ਤਰ੍ਹਾਂ ਬੱਸਾਂ ਚਲਾਉਣ ਦਾ ਫੈਸਲਾ ਲਿਆ ਗਿਆ ਏ।

---------------------------------------------------------------------------

ਗੁਰਦਾਸਪੁਰ ਦੇ ਖੁਰਾਕ ਸੁਰੱਖਿਆ ਵਿਭਾਗ ਵਲੋਂ ਤਿਉਹਾਰਾਂ ਦੇ ਦਿਨਾਂ ਵਿੱਚ ਮਿਲਾਵਟ ਦੇ ਮੱਦੇਨਜ਼ਰ ਖਾਣ ਪੀਣ ਵਾਲੀਆਂ ਦੁਕਾਨਾ 'ਤੇ ਮਾਰੇ ਛਾਪੇ ਮਾਰੀ ਕੀਤੀ ਗਈ। ਖੁਰਾਕ ਸੁਰੱਖਿਆ ਕਮਿਸ਼ਨਰ ਡਾਕਟਰ ਜੀ.ਐਸ ਪੰਨੂ ਦੀ ਅਗਵਾਈ ਵਿੱਚ ਵਿਭਾਗ ਦੀ ਟੀਮ ਨੇ ਵੱਖ-ਵੱਖ ਮਿਠਾਈਆਂ, ਖੋਏ ਅਤੇ ਦੁੱਧ ਪਨੀਰ ਦੀਆਂ ਦੁਕਾਨਾਂ ਤੇ ਜਾ ਕੇ ਚੈਕਿੰਗ ਕੀਤੀ ਅਤੇ ਸ਼ੱਕੀ ਅਤੇ ਹਲਕੀਆਂ ਮਿਠਾਈਆਂ ਖੋਏ ਅਤੇ ਦੁੱਧ ਪਨੀਰ ਦੇ ਨਮੂਨੇ ਲਏ ਗਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਜੀ. ਐਸ. ਪੰਨੂ ਨੇ ਦੱਸਿਆ

BYTE

---------------------------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਸਰਕਾਰ ’ਤੇ ਭ੍ਰਿਸ਼ਟਾਚਾਰ ਅਤੇ ਮਾੜੇ ਪ੍ਰਸ਼ਾਸਨ ਦੇ ਇਲਜ਼ਾਮ ਲਗਾਉਂਦਿਆਂ ਕਿਹਾ ਕਿ ਇਸ ਸਰਕਾਰ ਕਾਰਨ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਹੁਤ ਵਿਗੜ ਗਈ ਏ। ਅੱਜ ਸ੍ਰੀ ਮੁਕਤਸਰ ਸਾਹਿਬ ਦੇ ਮਲੋਟ ਵਿਖੇ ਅਕਾਲੀ ਦਲ ਦੀ ਇੱਕ ਰੈਲੀ ਨੂੰ ਸੰਬੋਧਨ ਕਰਦਿਆਂ ਓਹਨਾ ਇਲਜ਼ਾਮ ਲਾਇਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕਾਰਜਕਾਲ ਦੌਰਾਨ, ਪੰਜਾਬ ਵਿੱਚ ਅਮਨ-ਕਾਨੂੰਨ ਦੀ ਸਥਿਤੀ ਖਤਰੇ ਵਿੱਚ ਪੈ ਗਈ ਏ ਅਤੇ ਸੂਬੇ ਦਾ ਹਰ ਵਰਗ ਸਰਕਾਰ ਦੀਆਂ ਨੀਤੀਆਂ ਤੋਂ ਦੁਖੀ ਏ। ਉਨ੍ਹਾਂ ਕਿਹਾ ਕਿ ਚਾਹੇ ਉਦਯੋਗਪਤੀ ਹੋਣ, ਦੁਕਾਨਦਾਰ, ਮੁਲਾਜ਼ਮ ਜਾਂ ਆਮ ਸ਼ਹਿਰੀ—ਹਰ ਵਰਗ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਏ। ਉਨ੍ਹਾਂ ਕਿਹਾ ਕਿ ਸਮਾਂ ਆਉਣ ’ਤੇ ਅਜਿਹੇ ਮਾਮਲਿਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇਗੀ।

---------------------------------------------------------------------------

ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲਾ, ਰਾਸ਼ਟਰੀ ਖੇਡ ਦਿਵਸ 2026 ਦੇ ਜਸ਼ਨਾਂ ਦੇ ਹਿੱਸੇ ਵਜੋਂ, ਪੰਜਾਬ ਅਤੇ ਹਰਿਆਣਾ ਦੇ ਹਰ ਜ਼ਿਲ੍ਹੇ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ 2-ਕਾਲਜਾਂ ਕੱਲ੍ਹ 27 ਅਗਸਤ ਨੂੰ 'ਖੇਲੋ ਇੰਡੀਆ ਸੰਵਾਦ - 'ਖੇਲ ਕੀ ਬਾਤ ਪੀ.ਐਮ ਕੇ ਸਾਥ' ਰਾਸ਼ਟਰ ਵੀਡੀਓ ਪ੍ਰੋਗਰਾਮ ਦਾ ਆਯੋਜਨ ਕਰਵਾ ਰਿਹਾ ਏ। ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਮੇਰਾ ਯੁਵਾ ਭਾਰਤ-ਮਾਈ ਭਾਰਤ ਵਲੋਂ ਕਰਵਾਏ

ਜਾ ਰਹੇ ਇਸ ਪ੍ਰੋਗਰਾਮ ਉਦੇਸ਼ ਨੌਜਵਾਨਾਂ ਨੂੰ ਖੇਡਾਂ, ਤੰਦਰੁਸਤੀ ਅਤੇ ਨੌਜਵਾਨਾਂ ਦੀ ਅਗਵਾਈ ਵਾਲੇ 'ਵਿਕਾਸਿਤ ਭਾਰਤ' ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨਾਲ ਜੋੜਨਾ ਏ । ਵੇਰਵੇ ਸਾਂਝੇ ਕਰਦੇ ਹੋਏ, ਮਾਈ ਭਾਰਤ ਪੰਜਾਬ ਦੇ ਸਟੇਟ ਡਾਇਰੈਕਟਰ ਰਸ਼ਮੀਤ ਕੌਰ ਨੇ ਦੱਸਿਆ ਕਿ ਵਿਦਿਆਰਥੀ ਅਤੇ ਨੌਜਵਾਨ ਇਨ੍ਹਾਂ ਥਾਵਾਂ ਤੋਂ ਰਾਸ਼ਟਰੀ ਪੱਧਰ 'ਤੇ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਵਰਚੁਅਲ ਸੰਬੋਧਨ ਨੂੰ ਸੁਣਨਗੇ। ਸਥਾਨਕ ਖਿਡਾਰੀ ਅਤੇ ਲੋਕ ਨੁਮਾਇੰਦੇ ਵੀ ਇਸ ਵਿਚ ਹਿੱਸਾ ਲੈਣਗੇ, ਜਿਸ ਨਾਲ ਨੌਜਵਾਨਾਂ ਨੂੰ ਆਪਣੇ ਵਿਚਾਰ, ਸੁਝਾਅ ਅਤੇ ਇੱਛਾਵਾਂ ਸਾਂਝੀਆਂ ਕਰਨ ਦਾ ਮੌਕਾ ਮਿਲੇਗਾ। ਪ੍ਰੋਗਰਾਮ ਦੌਰਾਨ, ਨੌਜਵਾਨਾਂ ਨੂੰ MY Bharat ਪੋਰਟਲ 'ਤੇ ਰਜਿਸਟਰ ਕਰਨ ਲਈ ਵੀ ਉਤਸ਼ਾਹਿਤ ਕੀਤਾ ਜਾਵੇਗਾ ਅਤੇ ਉਨ੍ਹਾਂ ਨੂੰ MY Bharat ਸੁਝਾਅ ਬਾਕਸ ਰਾਹੀਂ ਡਿਜੀਟਲ ਰੂਪ ਵਿੱਚ ਆਪਣੇ ਸੁਝਾਅ ਜਮ੍ਹਾਂ ਕਰਾਉਣ ਦਾ ਮੌਕਾ ਮਿਲੇਗਾ। ਭਾਗੀਦਾਰਾਂ ਵਿੱਚ ਵਿਕਸਤ ਭਾਰਤ ਯੁਵਾ ਨੇਤਾ ਸੰਵਾਦ -2027 ਕੁਇਜ਼ ਦਾ ਵੀ ਪ੍ਰਚਾਰ ਕੀਤਾ ਜਾਵੇਗਾ।

---

ਪੰਜਾਬ ਸਰਕਾਰ ਅਤੇ ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਕਰਵਾਏ ਜਾਣ ਵਾਲੇ ਸ਼ੇਰੇ ਪੰਜਾਬ-ਟੀ ਟਵੰਟੀ ਲੀਗ ਕ੍ਰਿਕਟ ਮੈਚਾਂ ਦੀ ਸ਼ੁਰੂਆਤ 30 ਅਗਸਤ ਤੋਂ ਹੋਣ ਜਾ ਰਹੀ ਏ । ਇਸ ਸਬੰਧੀ ਬਠਿੰਡਾ ਵਿੱਚ ਰੱਖੀ ਪ੍ਰੈਸ

ਕਾਨਫਰੰਸ ਦੌਰਾਨ ਪੰਜਾਬ ਕ੍ਰਿਕਟ ਐਸੋਸੀਏਸ਼ਨ ਦੇ ਪ੍ਰਧਾਨ ਅਮਰਜੀਤ ਸਿੰਘ ਮਹਿਤਾ ਨੇ ਦੱਸਿਆ ਕਿ ਇਹ ਮੈਚ, ਮੁਹਾਲੀ ਦੇ ਕੌਮਾਂਤਰੀ ਕ੍ਰਿਕਟ ਸਟੇਡੀਅਮ ਵਿੱਚ ਖੇਡੇ ਜਾਣਗੇ। ਸ੍ਰੀ ਮਹਿਤਾ ਨੇ ਵੇਰਵੇ ਸਾਂਝੇ ਕਰਦਿਆਂ ਦੱਸਿਆ। ਉਹਨਾਂ ਕਿਹਾ ਕਿ ਬਠਿੰਡਾ ਅਤੇ ਅੰਮ੍ਰਿਤਸਰ ਦੇ ਵਿੱਚ ਵੀ ਅੰਤਰਰਾਸ਼ਟਰੀ ਕ੍ਰਿਕਟ ਸਟੇਡੀਅਮ ਬਣਾਏ ਜਾ ਰਹੇ ਨੇ। ਉਹਨਾਂ ਦੱਸਿਆ ਕਿ ਬਠਿੰਡਾ ਦੇ ਕ੍ਰਿਕਟ ਸਟੇਡੀਅਮ ਦੀ ਜਮੀਨ ਖਰੀਦਣ ਉਪਰੰਤ ਉਸ ਉੱਪਰ ਉਸਾਰੀ ਦਾ ਕੰਮ ਸ਼ੁਰੂ ਹੋ ਚੁੱਕਾ ਏ ਜਦੋਂ ਕਿ ਅੰਮ੍ਰਿਤਸਰ ਦੇ ਲਈ ਜਮੀਨ ਦੀ ਖਰੀਦ ਹੋ ਚੁੱਕੀ ਏ।

--------------------------------------------------------------------------------

- ਘੱਟ ਗਿਣਤੀਆਂ ਬਾਰੇ ਰਾਸ਼ਟਰੀ ਕਮਿਸ਼ਨ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ ਨੇ ਕਿਹਾ -ਕਮਿਸ਼ਨ ਵਲੋਂ ਘੱਟ ਗਿਣਤੀਆਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਉਪਰਾਲੇ ਜਾਰੀ ਨੇ।

- ਪੰਜਾਬ ਸਰਕਾਰ ਵਲੋਂ ਬਠਿੰਡਾ ਵਿਖੇ ਕਰਵਾਈ 'ਐਨ.ਆਰ.ਆਈ. ਮਿਲਣੀ-2026' ਦੌਰਾਨ ਸੱਤ ਜ਼ਿਲ੍ਹਿਆਂ ਨਾਲ ਸਬੰਧਤ ਪ੍ਰਵਾਸੀ ਪੰਜਾਬੀਆਂ ਨੇ ਹਿੱਸਾ ਲਿਆ।

- ਕੈਬਿਨੇਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 92 ਡਰੋਨ ਸ਼ੋਅ ਕਰਵਾਏ ਜਾਣਗੇ।

- ਅੱਜ ਪੈਗੰਬਰ ਹਜ਼ਰਤ ਮੁਹੰਮਦ ਦਾ ਜਨਮ ਦਿਨ, ਈਦ-ਏ-ਮਿਲਾਦ-ਉਨ-ਨਬੀ, ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।

- ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਵਲੋਂ ਪੰਜਾਬ,ਹਰਿਆਣਾ ਅਤੇ ਚੰਡੀਗੜ੍ਹ ਵਿਚ ਕੱਲ੍ਹ 'ਖੇਲੋ ਇੰਡੀਆ ਸੰਵਾਦ - 'ਖੇਲ ਕੀ ਬਾਤ ਪੀ.ਐਮ ਕੇ ਸਾਥ' ਪ੍ਰੋਗਰਾਮ ਦਾ ਹੋਵੇਗਾ ਆਯੋਜਨ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਸ਼ਾਮ ਸਾਢੇ 7 ਵਜੇ ਹੋਏਗਾ**

**ਨਮਸਕਾਰ।**